# ਦਫਤਰ ਨਗਰ ਨਿਗਮ ਫਗਵਾੜਾ
## OFFICE OF THE MUNICIPAL CORPORATION PHAGWARA
TOWN HALL PARK, PHAGWARA-144401
Office: 01824-260426
Website: www.mcphagwara.co.in Email: cmcphagwara123@gmail.com


ਸੇਵਾ ਵਿਖੇ,

ਡਾਇਰੈਕਟਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
ਚੰਡੀਗੜ੍ਹ।

ਨੰਬਰ: 840 ਮਿਤੀ: 10/3/23

**ਵਿਸ਼ਾ:-** **ਕਮਿਸ਼ਨਰ, ਨਗਰ ਨਿਗਮ ਫਗਵਾੜਾ ਜੀ ਵੱਲੋਂ ਮਿਤੀ 10/03/2023 ਨੂੰ ਪਾਸ ਕੀਤੇ ਗਏ ਹੁਕਮਾਂ ਦੀ ਨਕਲ ਸੂਚਨਾ ਹਿੱਤ ਭੇਜਣ ਸਬੰਧੀ।**

ਉਪਰੋਕਤ ਵਿਸ਼ੇ ਸਬੰਧੀ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਜੀ ਵੱਲੋਂ ਪਾਸ ਕੀਤੇ ਗਏ ਹੁਕਮ ਨੰ: 13 ਮਿਤੀ 10/03/2023 ਦੀ ਨਕਲ ਆਪ ਜੀ ਨੂੰ ਸੂਚਨਾਂ ਅਤੇ ਅਗਲੇਰੀ ਕਾਰਵਾਈ ਹਿੱਤ ਭੇਜੀ ਜਾਂਦੀ ਹੈ ਜੀ।

ਨੱਥੀ:- ਉਕਤ ਅਨੁਸਾਰ

ਸੁਪਰਡੰਟ,
ਨਗਰ ਨਿਗਮ, ਫਗਵਾੜਾ।

**ਪਿੱਠ ਅੰਕਣ ਨੰ:** 841-844

**ਮਿਤੀ:** 10/3/23

ਉਪਰੋਕਤ ਦਾ ਇੱਕ ਉਤਾਰਾ:-

1. ਮਾਨਯੋਗ ਡਵੀਜ਼ਨਲ ਕਮਿਸ਼ਨਰ, ਜਲੰਧਰ ਮੰਡਲ, ਜਲੰਧਰ ਜੀ ਨੂੰ ਸੂਚਨਾਂ ਹਿੱਤ।
2. ਮਾਨਯੋਗ ਡਿਪਟੀ ਕਮਿਸ਼ਨਰ,ਕਪੂਰਥਲਾ ਜੀ ਨੂੰ ਸੂਚਨਾਂ ਹਿੱਤ।
3. ਮਾਨਯੋਗ ਕਮਿਸ਼ਨਰ, ਨਗਰ ਨਿਗਮ, ਫਗਵਾੜਾ ਜੀ ਨੂੰ ਸੂਚਨਾਂ ਹਿੱਤ।
4. ਸਬੰਧਤ ਅਧਿਕਾਰੀ ਨੂੰ ਸੂਚਨਾਂ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ,
ਨਗਰ ਨਿਗਮ, ਫਗਵਾੜਾ।

ਦਫਤਰ ਨਗਰ ਨਿਗਮ ਫਗਵਾੜਾ
OFFICE OF THE MUNICIPAL CORPORATION PHAGWARA
TOWN HALL PARK, PHAGWARA-144401
Office: 01824-260426 Fax: 01824-223260
Website: www.mcphagwara.com Email: comm.mcpgr@punjab.gov.in

ਮਿਤੀ:10.03.2023 ਨੂੰ ਡਾ. ਨਯਨ, ਪੀ.ਸੀ.ਐਸ ਕਮਿਸ਼ਨਰ ਨਗਰ ਨਿਗਮ ਫਗਵਾੜਾ ਵੱਲੋਂ ਹੇਠ ਲਿਖੇ ਅਨੁਸਾਰ ਪ੍ਰਸ਼ਾਸਕੀ ਹੁਕਮ ਪਾਸ ਕੀਤੇ ਗਏ।

| ਲੜੀ ਨੰ. | ਮਤਾ ਨੰ. ਅਤੇ ਮਿਤੀ | ਮਤੇ ਦਾ ਵੇਰਵਾ | ਕਿਰਪਾ ਕਰਕੇ ਸੁਨਿਸ਼ਚਿਤ ਕੀਤਾ ਜਾਵੇ ਕਿ ਮਿਤੀ 10.10.2022 ਰਾਹੀਂ ਪਾਸ ਕੀਤੇ ਗਏ ਨਿਰਦੇਸ਼ ਦੇ ਕਿਸ ਪੁਆਇੰਟ ਤਹਿਤ ਇਹ ਮਤਾ ਦੀ ਤਜਵੀਜ ਕੀਤੀ ਗਈ ਹੈ। | ਕਮਿਸ਼ਨਰ/ਕਾਰਜ ਸਾਧਕ ਅਫਸਰ ਦੁਆਰਾ ਕੀਤੀ ਗਈ ਟਿੱਪਣੀ |
|---|---|---|---|---|
| 1 | 13, 10.03.2023 | ਰਿਪੋਰਟ ਵੱਲੋਂ ਹੈਲਥ ਸੁਪਰਡੰਟ ਨਗਰ ਨਿਗਮ, ਫਗਵਾੜਾ ਕਿ ਨਗਰ ਨਿਗਮ, ਫਗਵਾੜਾ ਦੀ ਹਦੂਦ ਅੰਦਰ 134 ਸਫਾਈ ਸੇਵਕ ਆਊਟਸੋਰਸ ਤੇ ਵਰਕ ਆਰਡਰ ਨੰ: 28/CE ਅਤੇ 29/CE ਮਿਤੀ 09-05-2022 ਤੋਂ ਕੰਮ ਕਰ ਰਹੇ ਹਨ। M/s CNC Enterprises Phagwara ਅਤੇ M/s Radha Krishan Service Provider, SAS Nagar, Mohali ਵਲੋਂ 09–05–2022 ਤੋਂ ਆਊਟਸੋਰਸ ਤੇ ਕ੍ਰਮਵਾਰ 67–67 ਸਫਾਈ ਸੇਵਕਾਂ ਦੀ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ ਹਨ। ਇਸ ਠੇਕੇ ਦੀ ਮਿਆਦ ਮਿਤੀ 30–04–2023 ਨੂੰ ਖਤਮ ਹੋ ਰਹੀ ਹੈ। ਨਗਰ ਨਿਗਮ ਫਗਵਾੜਾ ਵਿਖੇ ਸਫਾਈ ਕਰਮਚਾਰੀਆਂ ਦੀ ਪੰਜਾਬ ਸਰਕਾਰ ਵੱਲੋਂ ਨਿਰਧਾਰਤ ਘੱਟੋ-ਘੱਟ ਉਜ਼ਰਤਾ/ਡੀ.ਸੀ ਰੇਟ 'ਤੇ ਤਾਇਨਾਤੀ ਕਰਨ ਲਈ ਰੋਸਟਰ ਤਿਆਰ ਕੀਤਾ ਜਾ ਰਿਹਾ ਹੈ, ਜਿਸ ਨੂੰ ਤਿਆਰ ਕਰਨ ਲਈ ਲਗਭਗ 3 ਮਹੀਨੇ ਦਾ ਸਮਾਂ ਲੱਗਣ ਦੀ ਸੰਭਾਵਨਾ ਹੈ। ਇਸ ਲਈ ਸ਼ਹਿਰ ਦੀ ਸਫਾਈ ਦੇ ਕੰਮ ਅਤੇ ਸਵੱਛ ਸਰਵੇਖਣ 2023 ਨੂੰ ਮੁੱਖ ਰੱਖਦੇ ਹੋਏ 134 ਸਫਾਈ ਸੇਵਕਾਂ ਤੋਂ ਆਊਟਸੋਰਸ ਤੇ ਕੰਮ ਕਰਵਾਉਣ ਲਈ ਨਵਾਂ ਟੈਂਡਰ 3 ਮਹੀਨੇ ਲਈ ਲਗਵਾਉਣ ਲਈ ਰੁਪਏ 47,29,678/- ਦਾ ਤਖਮੀਨਾ ਤਿਆਰ ਕੀਤਾ ਗਿਆ ਹੈ। ਇੱਥੇ ਇਹ ਦੱਸਣਯੋਗ ਹੈ ਕਿ ਸਥਾਨਕ ਸਰਕਾਰ ਵਿਭਾਗ, ਪੰਜਾਬ ਵੱਲੋ ਜਾਰੀ ਨੋਟੀਫਿਕੇਸ਼ਨ ਨੰ: 5/71/2017/MEO/DA/334 ਮਿਤੀ 23/03/2020 ਰਾਹੀ ਹਾਉਸ ਦੀਆ ਸਾਰੀਆਂ ਸ਼ਕਤੀਆਂ ਕਮਿਸ਼ਨਰ ਨਗਰ ਨਿਗਮ ਜੀ ਨੂੰ ਦਿੱਤੀਆ ਗਈਆ ਹਨ। ਇਸ ਲਈ ਉਕਤ ਕੰਮ ਦਾ ਟੈਂਡਰ ਲਗਵਾਉਣ ਲਈ ਨਗਰ ਨਿਗਮ ਫਗਵਾੜਾ ਵਿਖੇ ਮਤਿਆਂ ਸਬੰਧੀ ਕਮਿਸ਼ਨਰ ਨਗਰ ਨਿਗਮ ਫਗਵਾੜਾ ਦੇ ਹੁਕਮ ਨੰ. 4105 ਮਿਤੀ 13.12.2022 ਰਾਹੀਂ ਬਣਾਈ ਗਈ Resolution Committee ਵਲੋਂ ਉਕਤ ਸਬੰਧੀ ਮਤਾ ਪਾਉਣ ਲਈ ਦਿੱਤੀ ਗਈ ਪ੍ਰਵਾਨਗੀ ਉਪਰੰਤ ਰਿਪੋਰਟ ਪ੍ਰਸ਼ਾਸਕੀ ਪ੍ਰਵਾਨਗੀ ਹਿੱਤ ਪੇਸ਼ ਹੈ। | ------ | ਸੂਚਨਾ ਹਿੱਤ। |

ਤਸਦੀਕੀ ਕਾਪੀ

ਅਜੰਡਾ ਸੁਪਰਡੰਟ,
ਨਗਰ ਨਿਗਮ, ਫਗਵਾੜਾ।